# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

**(ਕੇਵਲ ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪਰੀਖਿਆ ਸਬੰਧੀ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2016-17 ਦੀ ਤੀਜੀ ਤਿਮਾਹੀ ਦੀ ਪਰੀਖਿਆ ਲੈਣ ਲਈ ਮਿਤੀ 27-10-2016 ਅਤੇ 28-10-2016 ਨਿਸ਼ਚਿਤ ਕੀਤੀ ਗਈ ਹੈ। ਪੰਜਾਬੀ-ਏ ਵਿਸ਼ੇ ਦੀ ਪਰੀਖਿਆ ਮਿਤੀ 27-10-2016 (ਵੀਰਵਾਰ) ਅਤੇ ਪੰਜਾਬੀ-ਬੀ ਵਿਸ਼ੇ ਦੀ ਪਰੀਖਿਆ ਮਿਤੀ 28-10-2016 (ਸ਼ੁਕੱਰਵਾਰ) ਨੂੰ ਹੋਵੇਗੀ। ਪਰੀਖਿਆ ਸਬੰਧੀ ਪਰੀਖਿਆ ਫਾਰਮ ਮਿਤੀ 18-10-2016 ਤੱਕ ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਸਾਹਿਬਜਾਦਾ ਅਜੀਤ ਸਿੰਘ ਨਗਰ ਵਿਖੇ ਸਬੰਧਤ ਪਰੀਖਿਆ ਸ਼ਾਖਾ ਵਿੱਚ ਪ੍ਰਾਪਤ ਕੀਤੇ ਜਾਣਗੇ। ਪਰੀਖਿਆ ਫਾਰਮ ਜਮ੍ਹਾਂ ਕਰਵਾਉਣ ਸਮੇਂ ਪਰੀਖਿਆਰਥੀ ਆਪਣੇ ਮੈਟ੍ਰਿਕ ਪਾਸ ਦੇ ਅਸਲ ਸਰਟੀਫਿਕੇਟ, ਫੋਟੋ ਪਹਿਚਾਣ ਪੱਤਰ ਅਤੇ ਉਹਨਾਂ ਦੀਆਂ ਤਸਦੀਕਸ਼ੁਦਾ ਫੋਟੋ ਕਾਪੀਆਂ ਨਾਲ ਲੈ ਕੇ ਆਉਣ। ਦੂਜੇ ਰਾਜਾਂ ਅਤੇ ਦੂਜੇ ਬੋਰਡ ਦੇ ਪਰੀਖਿਆਰਥੀ ਪਰੀਖਿਆ ਫਾਰਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਪਰੀਖਿਆ ਫਾਰਮ ਦੇ ਨਾਲ ਨੱਥੀ ਕਰਨਗੇ। ਪਰੀਖਿਆ ਫਾਰਮ ਅਤੇ ਹੋਰ ਜਾਣਕਾਰੀ ਲਈ ਬੋਰਡ ਦੀ ਵੈਬ ਸਾਈਟ **www.pseb.ac.in** ਵੇਖੀ ਜਾਵੇ।

ਸਕੱਤਰ